# ਆਕਾਸ਼ਵਾਣੀ ਜਲੰਧਰ
# ਪ੍ਰਦੇਸ਼ਿਕ ਖਬਰਾਂ ਪੰਜਾਬੀ
**13:10**

**ਮਿਤੀ :07-06-2026**

ਭਾਰਤੀ ਚੋਣ ਕਮਿਸ਼ਨ ਵੱਲੋਂ ਕੀਤੀ ਜਾ ਰਹੀ 'ਵਿਸ਼ੇਸ਼ ਤੀਬਰ ਸੋਧ' ਦੇ ਮੱਦੇਨਜ਼ਰ ਪੰਜਾਬ ਵਿੱਚ ਅੱਜ ਸਵੇਰੇ 10 ਵਜੇ ਤੋਂ ਸੂਬੇ ਦੇ ਸਾਰੇ 24,453 ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਸੁਰੂ ਹੋ ਗਏ ਨੇ

ਪੰਜਾਬ ਦੇ ਮੁੱਖ ਚੋਣ ਅਫ਼ਸਰ, ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਇਹ ਇੱਕ- ਰੋਜ਼ਾ ਵਿਸ਼ੇਸ਼ ਕੈਂਪ ਪ੍ਰੀ-ਮੈਪਿੰਗ ਨੂੰ ਹੋਰ ਤੇਜ਼ੀ ਨਾਲ ਅੰਜਾਮ ਦੇਣ ਲਈ ਲਗਾਏ ਜਾ ਰਹੇ ਨੇ। ਵੋਟਰ ਮੈਪਿੰਗ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਾਉਣ ਲਈ, ਬੀ.ਐਲ.ਓਜ਼ ਕੈਂਪ ਵਿੱਚ ਸ਼ਾਮ 4 ਵਜੇ ਤੱਕ ਉਪਲਬਧ ਰਹਿਣਗੇ। ਸ਼੍ਰੀਮਤੀ ਮਿਤਰਾ ਨੇ ਸੂਬੇ ਦੇ ਸਾਰੇ ਵੋਟਰਾਂ ਨੂੰ ਇਹਨਾਂ ਕੈਂਪਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਤਾਂ ਜੋ ਪ੍ਰੀ-ਐਸ.ਆਈ.ਆਰ. ਕਵਾਇਦ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਸੂਬੇ ਭਰ ਦੇ ਵੋਟ ਕੇਂਦਰਾਂ ਤੇ ਚੱਲ ਰਹੀ ਇਸ ਪ੍ਰਕਿਰਿਆ ਬਾਰੇ ਇਕਕ ਬੂਥ ਪਧਰ ਦੇ ਅਧਿਕਾਰੀ ਨੇ ਜਅੰਕਾਰੀ ਦਿੰਦਿਆਂ ਦੱਸਿਆ ---

byte .. 22 sec

---

ਡਾਇਰੈਕਟਰ ਜਨਰਲ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ 'ਤੇ ਕਰੜਾ ਸ਼ਿਕੰਜਾ ਕੱਸਦਿਆਂ ਪੰਜਾਬ ਪੁਲਿਸ ਨੇ ਨਿੱਜੀ ਵਾਹਨਾਂ 'ਤੇ ਹੂਟਰ, ਸਾਇਰਨ ਅਤੇ ਫਲੈਸ਼ਰਾਂ ਦੀ ਗੈਰ-ਕਾਨੂੰਨੀ ਵਰਤੋਂ ਵਿਰੁੱਧ ਪੰਜ ਦਿਨਾ ਵਿਸ਼ੇਸ਼ ਰਾਜ ਵਿਆਪੀ ਮੁਹਿੰਮ ਚਲਾਈ, ਜਿਸ ਦੌਰਾਨ 29,000 ਤੋਂ ਵੱਧ ਵਾਹਨਾਂ ਦੀ ਚੈਕਿੰਗ ਕੀਤੀ ਗਈ। ਸੂਬੇ ਭਰ ਵਿੱਚ ਇਹ ਵਿਆਪਕ

ਕਾਰਵਾਈ 2 ਜੂਨ, 2026 ਤੋਂ ਸ਼ੁਰੂ ਕੀਤੀ ਗਈ ਸੀ। ਇਸ ਮੁਹਿੰਮ ਦੌਰਾਨ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਅਤੇ ਬਿਨਾਂ ਕਿਸੇ ਅਧਿਕਾਰ ਦੇ ਹੂਟਰ, ਸਾਇਰਨ ਜਾਂ ਫਲੈਸ਼ਰ ਸਮੇਤ ਕੋਈ ਵੀ ਗੈਰ-ਕਾਨੂੰਨੀ ਉਪਕਰਨ ਲਾਉਣ ਵਾਲੇ ਨਿੱਜੀ ਵਾਹਨਾਂ ਖ਼ਿਲਾਫ਼ ਕਾਰਵਾਈ ਕੀਤੀ ਗਈ। ਪੰਜ ਦਿਨਾ ਕਾਰਵਾਈ ਦੇ ਨਤੀਜੇ ਸਾਂਝੇ ਕਰਦਿਆਂ ਵਿਸ਼ੇਸ਼ ਡੀ.ਜੀ.ਪੀ. ਪ੍ਰਵੀਨ ਸਿਨਹਾ ਨੇ ਕਿਹਾ ਕਿ ਉਲੰਘਣਾ ਕਰਨ ਵਾਲੇ 4,221 ਵਾਹਨਾਂ ਦੇ ਚਲਾਨ ਕੱਟੇ ਗਏ ਅਤੇ 48 ਵਾਹਨਾਂ ਨੂੰ ਜ਼ਬਤ ਵੀ ਕੀਤਾ ਗਿਆ।

-------------------------------------------------------------------

ਐਂਟੀ-ਗੈਂਗਸਟਰ ਟਾਸਕ ਫੋਰਸ ਪੰਜਾਬ ਨੇ ਫਿਰੋਜ਼ਪੁਰ ਪੁਲਿਸ ਅਤੇ ਜੰਮੂ-ਕਸ਼ਮੀਰ ਪੁਲਿਸ ਨਾਲ ਮਿਲ ਕੇ ਇੱਕ ਆਪ੍ਰੇਸ਼ਨ ਵਿੱਚ, ਰਾਜਸਥਾਨ ਦੇ ਦੋ ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਫਿਰੋਜ਼ਪੁਰ ਦੇ ਮਖੂ ਕਸਬੇ ਦੇ ਗੁਰਚਰਨ ਸਿੰਘ ਗਾਬਾ ਦੇ ਕਤਲ ਵਿੱਚ ਸ਼ਾਮਲ ਸਨ। ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ ਅਤੇ 10 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ।
ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਮੁਲਜ਼ਮਾਂ ਦਾ ਜਬਰੀ ਵਸੂਲੀ, ਡਕੈਤੀ, ਚੋਰੀ ਅਤੇ ਅਸਲਾ ਐਕਟ ਦੀ ਉਲੰਘਣਾ ਨਾਲ ਸਬੰਧਤ ਅਪਰਾਧਿਕ ਪਿਛੋਕੜ ਸੀ ਅਤੇ ਉਨ੍ਹਾਂ 'ਤੇ ਰਾਜਸਥਾਨ ਪੁਲਿਸ ਵੱਲੋਂ 10,000 ਹਜ਼ਾਰ ਰੁਪਏ ਦਾ ਇਨਾਮ ਰੱਖਿਆ ਗਿਆ ਸੀ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ ।

-------------------------------------------------------------------

ਮੰਡੀ ਗੋਬਿੰਦਗੜ੍ਹ ਪੁਲਿਸ ਵੱਲੋਂ ਸਮਾਜ ਵਿੱਚ ਭੈੜੇ ਅਨਸਰਾਂ, ਗੈਂਗਸਟਰਵਾਦ ,ਸਮਾਜ ਵਿਰੋਧੀ ਅਨਸਰਾਂ, ਤੇ ਨਸ਼ਾ ਵੇਚਣ ਵਾਲਿਆਂ ਤੋਂ ਜਾਗਰੂਕ ਕਰਨ ਲਈ ਸ਼ਹਿਰ ਭਰ ਦੇ ਬਾਜ਼ਾਰਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਫਲੈਗ ਮਾਰਚ ਕੱਢਿਆ

ਗਿਆ । ਡੀ.ਐਸ.ਪੀ. ਵੀਰਬਿਕਰਮਜੀਤ ਸਿੰਘ ਘੁੰਮਣ ਨੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਸਮੇਂ-ਸਮੇਂ ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਅਤੇ ਉਨਾਂ ਦਾ ਡਰ-ਭੈਅ ਕੱਢਣ ਦੇ ਮਨੋਰਥ ਨਾਲ ਪੁਲਿਸ ਵੱਲੋਂ ਫਲੈਗ ਮਾਰਚ ਕੱਢੇ ਜਾਂਦੇ ਹਨ । ਇਸ ਨਾਲ ਸਮਾਜ ਵਿਰੋਧੀ ਅਨਸਰਾਂ ਨੂੰ ਵੀ ਚੇਤਾਵਨੀ ਰਹਿੰਦੀ ਏ । ਉਹਨਾਂ ਨਸ਼ਾ ਵੇਚਣ ਵਾਲਿਆਂ ਨੂੰ ਸਖਤ ਚਤਾਵਨੀ ਦਿੰਦਿਆਂ ਕਿਹਾ ਕਿ ਮੰਡੀ ਗੋਬਿੰਦਗੜ੍ਹ ਵਿੱਚ ਕਿਸੇ ਵੀ ਪ੍ਰਕਾਰ ਦਾ ਨਸ਼ਾ ਵੇਚਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ।

## ਕਲਾਸੀਕਲ ਸੰਗੀਤ

ਆਕਾਸ਼ਵਾਣੀ ਜਲੰਧਰ ਵੱਲੋਂ 8 ਜੂਨ ਨੂੰ ਕੇ.ਐਲ. ਸਹਿਗਲ ਆਡੀਟੋਰੀਅਮ ਵਿਖੇ, ਇੱਕ ਸ਼ਾਸਤਰੀ ਸੰਗੀਤ ਸਮਾਰੋਹ - 'ਇੱਕ ਸ਼ਾਮ - ਸ਼ਾਸਤਰੀ ਸੰਗੀਤ ਦੇ ਨਾਮ' ਦਾ ਆਯੋਜਨ ਕੀਤਾ ਜਾ ਰਿਹਾ ਹੈ। ਭਾਰਤ ਵਿੱਚ ਆਕਾਸ਼ਵਾਣੀ ਦੇ ਪ੍ਰਸਾਰਣ ਦੇ 90 ਸਾਲ ਪੂਰੇ ਹੋਣ ਨੂੰ ਸਮਰਪਿਤ ਇਹ ਸੰਗੀਤ ਸਮਾਰੋਹ ਸ਼ਾਮ 6.30 ਵਜੇ ਸ਼ੁਰੂ ਹੋਵੇਗਾ। ਆਕਾਸ਼ਵਾਣੀ ਦੇ ਪ੍ਰੋਗਰਾਮ ਮੁਖੀ, ਪਰਮਜੀਤ ਸਿੰਘ ਨੇ ਦੱਸਿਆ ਕਿ ਸ਼ਾਸਤਰੀ ਸੰਗੀਤ ਦੇ ਵੱਖ-ਵੱਖ ਰੂਪਾਂ ਵਿੱਚ ਗਾਇਨ ਦੇ ਨਾਲ-ਨਾਲ ਸਾਜ਼ਾਂ ਦੀ ਜੁਗਲਬੰਦੀ ਵੀ ਪੇਸ਼ ਕੀਤੀ ਜਾਵੇਗੀ। ਪਿਉ-ਧੀ ਦੀ ਜੋੜੀ, ਪੰਡਿਤ ਮਨੂੰ ਕੁਮਾਰ ਸੀਨ ਅਤੇ ਸੁਰਪ੍ਰਿਆ ਸੀਨ ਸ਼ਾਸਤਰੀ ਸਿਤਾਰ-ਸੰਤੂਰ ਜੁਗਲਬੰਦੀ ਪੇਸ਼ ਕਰਨਗੇ। ਪੰਡਿਤ ਸੀਨ ਆਕਾਸ਼ਵਾਣੀ ਦੇ ਜਾਣੇ-ਪਛਾਣੇ ਕਲਾਕਾਰ ਹਨ। ਤਬਲੇ 'ਤੇ ਮਧੁਰੇਸ਼ ਭੱਟ ਅਤੇ ਸਿਧਾਰਥ ਚੈਟਰਜੀ ਉਨ੍ਹਾਂ ਦਾ ਸਾਥ ਦੇਣਗੇ। ਦਿਪਿਨ ਕੁਮਾਰ ਅਤੇ ਸਤਨਿੰਦਰ ਸਿੰਘ ਵੱਲੋਂ ਖਿਆਲ ਜੁਗਲਬੰਦੀ ਪੇਸ਼ ਕੀਤੀ ਜਾਵੇਗੀ। ਤਬਲੇ 'ਤੇ ਪੰਡਿਤ ਕਾਲੇ ਰਾਮ ਅਤੇ ਪੰਡਿਤ ਜੈ ਦੇਵ ਉਨ੍ਹਾਂ ਦਾ ਸਾਥ ਦੇਣਗੇ।

-------------------------------------------------------------------

ਵਿਸ਼ਵ ਸਾਈਕਲ ਦਿਵਸ ਦੇ ਸਬਧ ਵਿਚ , ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ਼ ਸਪੋਰਟਸ (NS NIS), ਪਟਿਆਲਾ ਨੇ 7 ਕਿਲੋਮੀਟਰ ਸਾਈਕਲਿੰਗ ਰੈਲੀ ਦਾ ਆਯੋਜਨ ਕਰਕੇ ਤੰਦਰੁਸਤੀ, ਸਿਹਤਮੰਦ ਜੀਵਨ ਸ਼ੈਲੀ ਅਤੇ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਿਤ ਕਰਨ ਵਾਲੇ ਦਾ ਸੰਦੇਸ਼ ਦਿੱਤਾ । ਇਸ ਸਾਈਕਲਿੰਗ ਰੈਲੀ ਵਿੱਚ 300 ਤੋਂ ਵੱਧ ਸਾਈਕਲ ਸਵਾਰਾਂ ਨੇ ਭਾਗ ਲਿਆ ਉਧਰ , ਡੇਕਾਥਲੋਨ ਜਲੰਧਰ ਦੁਆਰਾ ਵੀ ਫਿੱਟ ਇੰਡੀਆ, ਸਪੋਰਟਸ ਅਥਾਰਟੀ ਆਫ਼ ਇੰਡੀਆ, ਖੇਡ ਭਾਰਤੀ ਪੰਜਾਬ, ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਜਲੰਧਰ ਅਤੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਸਾਈਕਲੋਥੋਨ ਦਾ ਆਯੋਜਨ ਕੀਤਾ ਗਿਆ। ਲਗਭਗ 5 ਕਿਲੋਮੀਟਰ ਦੇ ਸਾਈਕਲੋਥੋਨ ਵਿੱਚ ਜਲੰਧਰ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਸਾਈਕਲਿਸਟਾਂ ਅਤੇ ਸਕਾਈ ਰਾਈਡਰਜ਼ ਅਤੇ ਕਈ ਹੋਰ ਕਲੱਬਾਂ ਸਮੇਤ ਕਈ ਸਾਈਕਲਿੰਗ ਸਮੂਹਾਂ ਨੇ ਵੀ ਭਾਗ ਲਿਆ । ਪੰਜਾਬ ਦੇ ਹੋਰਨਾਂ ਜ਼ਿਲਿਆਂ ਵਿਚ ਵੀ ਵਿਸ਼ਵ ਸਾਈਕਲ ਦਿਵਸ ਉੱਪਰ ਵਖ ਵਖ ਪ੍ਰੋਗਰਾਮ ਆਯੋਜਿਤ ਕੀਤੇ ਗਏ ..